# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 22-09-2024**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਕਵਾਡ ਸਮੂਹ ਲੰਬੇ ਸਮੇਂ ਦੇ ਹਿੱਸੇਦਾਰ ਬਣੇ ਰਹਿਣ ਅਤੇ ਆਪਸੀ ਵਿਕਾਸ ਲਈ, ਹਿੰਦ-ਪ੍ਰਸ਼ਾਂਤ ਦੇਸ਼ਾਂ ਨਾਲ ਸਹਿਯੋਗ ਕਰਨ ਵਾਸਤੇ ਤਿਆਰ ਏ -ਭਾਰਤ ਸਾਲ 2025 ਵਿੱਚ,ਕਵਾਡ ਸਿਖਰ ਸੰਮੇਲਨ ਦੀ ਮੇਜ਼ਬਾਨੀ ਕਰੇਗਾ।
- ਹੁਸ਼ਿਆਰਪੁਰ ਵਿਖੇ 12ਵਾਂ ਸਰਵ ਭਾਰਤੀ ਮੁਸ਼ਾਇਰਾ ਕਰਵਾਇਆ ਗਿਆ ।
- ਫਰੀਦਕੋਟ ਵਿਖੇ ਬਾਬਾ ਫਰੀਦ ਆਗਮਨ ਪੁਰਬ ਮੌਕੇ, ਵੱਖ-ਵੱਖ ਕਲੱਬਾਂ ਤੇ ਸੰਸਥਾਵਾਂ ਵੱਲੋਂ, ਖੇਡਾਂ ਦੇ ਟੂਰਨਾਮੈਂਟ ਦਾ ਆਯੋਜਨ ।
- ਕ੍ਰਿਕਟ ਵਿਚ ਭਾਰਤ ਨੇ ਅੱਜ ਚੇਂਨਈ ਵਿਖੇ ਪਹਿਲੇ ਟੈਸਟ ਮੈਚ ਵਿਚ ਬੰਗਲਾਦੇਸ਼ ਨੂੰ 280 ਦੌੜ੍ਹਾਂ ਨਾਲ ਹਰਾਇਆ ।

---------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ  ਕਿ ਕਵਾਡ ਸਮੂਹ ਲੰਬੇ ਸਮੇਂ ਦੇ ਹਿੱਸੇਦਾਰ ਬਣੇ ਰਹਿਣ ਅਤੇ ਆਪਸੀ ਵਿਕਾਸ ਲਈ,ਹਿੰਦ-ਪ੍ਰਸ਼ਾਂਤ ਦੇਸ਼ਾਂ ਨਾਲ ਸਹਿਯੋਗ ਕਰਨ ਲਈ ਤਿਆਰ ਏ। ਉਨ੍ਹਾਂ ਕਿਹਾ ਕਿ ਕਵਾਡ ਦੇਸ਼, ਹਿੰਦ-ਪ੍ਰਸ਼ਾਂਤ ਖੇਤਰ ਨੂੰ ਮੁਕਤ, ਖੁੱਲ੍ਹਾ, ਸਮਾਵੇਸ਼ੀ ਅਤੇ ਖੁਸ਼ਹਾਲ ਰੱਖਣ ਲਈ ਵਚਨਬੱਧ ਨੇ। ਅਮਰੀਕਾ ਦੇ ਡੇਲਾ-ਵੇਅਰ 'ਚ ਕਵਾਡ ਸਿਖਰ ਸੰਮੇਲਨ  'ਚ ਬੋਲਦਿਆਂ, ਉਨ੍ਹਾਂ ਕਿਹਾ ਕਿ ਇਹ ਸਮਾਗਮ ਅਜਿਹੇ ਸਮੇਂ 'ਚ ਹੋ ਰਿਹਾ ਏ  ਜਦੋਂ ਦੁਨੀਆ ਤਣਾਅ ਅਤੇ ਟਕਰਾਅ ਨਾਲ ਜੂਝ ਰਹੀ ਏ  ਅਤੇ ਇਹ ਜ਼ਰੂਰੀ ਹੈ ਕਿ ਕਵਾਡ ਦੇਸ਼ ਸਾਂਝੀਆਂ ਲੋਕਤਾਂਤਰਿਕ ਕਦਰਾਂ-ਕੀਮਤਾਂ ਨੂੰ ਧਿਆਨ 'ਚ ਰੱਖਦੇ ਹੋਏ ਮਨੁੱਖਤਾ ਲਈ ਇਕੱਠੇ ਹੋਣ। BYTE ਸ਼੍ਰੀ ਮੋਦੀ ਨੇ ਇਸ ਗੱਲ 'ਤੇ ਖੁਸ਼ੀ ਜ਼ਾਹਰ ਕੀਤੀ ਕਿ ਅਗਲੇ ਸਾਲ ਕਵਾਡ ਸਿਖਰ ਸੰਮੇਲਨ ਭਾਰਤ ਵਿੱਚ ਆਯੋਜਿਤ ਕੀਤਾ ਜਾਵੇਗਾ। ਪ੍ਰਧਾਨ ਮੰਤਰੀ ਨੇ ਜਾਪਾਨ ਦੇ ਪ੍ਰਧਾਨ ਮੰਤਰੀ ਫੂਮਿਓ ਕਿਸ਼ਿਦਾ ਨਾਲ ਵੀ ਮੁਲਾਕਾਤ ਕੀਤੀ। ਉਨ੍ਹਾਂ ਨੇ ਪਿਛਲੇ ਪੰਜ ਸਾਲਾਂ ਦੌਰਾਨ, ਦੋਵਾਂ ਮੁਲਕਾਂ  ਦਰਮਿਆਨ ਰਣਨੀਤਕ ਅਤੇ

ਵਿਸ਼ਵ-ਵਿਆਪੀ ਭਾਈਵਾਲੀ ਵਿੱਚ ਹੋਈ ਪ੍ਰਗਤੀ ਲਈ, ਉਨ੍ਹਾਂ ਦਾ ਧੰਨਵਾਦ ਕੀਤਾ।

-------------------------------------------------------

ਅਮਰੀਕਾ ਨੇ ਭਾਰਤ ਤੋਂ ਚੋਰੀ ਹੋਈਆਂ 297 ਕਲਾਕ੍ਰਿਤੀਆਂ ਨੂੰ ਵਾਪਸ ਕਰਨ ਦਾ ਫੈਸਲਾ ਕੀਤਾ ਏ। ਇਹ ਕਲਾਕ੍ਰਿਤੀਆਂ ਜਲਦੀ ਹੀ ਭਾਰਤ ਭੇਜੀਆਂ ਜਾਣਗੀਆਂ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਇਨ੍ਹਾਂ ਕਲਾਕ੍ਰਿਤੀਆਂ ਨੂੰ ਵਾਪਸ ਕਰਨ ਲਈ ਅਮਰੀਕਾ ਦੇ ਰਾਸ਼ਟਰਪਤੀ ਜੋਅ ਬਾਇਡਨ ਦਾ ਧੰਨਵਾਦ ਕੀਤਾ। ਸ਼੍ਰੀ ਮੋਦੀ ਨੇ ਕਿਹਾ ਕਿ ਇਹ ਵਸਤੂਆਂ ਨਾ ਸਿਰਫ ਭਾਰਤ ਦੇ ਇਤਿਹਾਸਕ ਸਭਿਆਚਾਰ ਦਾ ਹਿੱਸਾ ਨੇ ਸਗੋਂ ਇਹ ਇਸਦੀ ਸਭਿਅਤਾ ਦਾ ਆਧਾਰ ਨੇ। ਨਜ਼ਦੀਕੀ ਦੁਵੱਲੇ ਅਤੇ ਸੱਭਿਆਚਾਰਕ ਸਬੰਧਾਂ ਨੂੰ ਹੋਰ ਮਜ਼ਬੂਤ ਕਰਨ ਦੇ ਉਦੇਸ਼ ਅਤੇ ਜੂਨ 2023 ਵਿੱਚ ਜਾਰੀ ਕੀਤੇ ਗਏ ਸੰਯੁਕਤ ਬਿਆਨ ਦੇ ਅਨੁਸਾਰ, ਸੰਯੁਕਤ ਰਾਜ ਦੇ ਵਿਦਿਅਕ ਅਤੇ ਸੱਭਿਆਚਾਰਕ ਮਾਮਲਿਆਂ ਦੇ ਬਿਊਰੋ ਅਤੇ ਭਾਰਤ ਦੇ ਪੁਰਾਤੱਤਵ ਸਰਵੇਖਣ, ਸੰਸਕ੍ਰਿਤੀ ਮੰਤਰਾਲੇ ਨੇ ਰਾਸ਼ਟਰਪਤੀ ਬਿਡੇਨ ਨਾਲ ਮੁਲਾਕਾਤ ਕੀਤੀ ਅਤੇ ਸੱਭਿਆਚਾਰਕ

ਵਿਰਾਸਤ ਦੀ ਸੰਭਾਲ ਲਈ ਸਹਿਯੋਗ ਵਧਾਉਣ ਲਈ ਪ੍ਰਧਾਨ ਮੰਤਰੀ ਮੋਦੀ ਦੀ ਵਚਨਬੱਧਤਾ ਨੂੰ ਪੂਰਾ ਕਰਨ ਲਈ, ਇਸ ਸਾਲ ਜੁਲਾਈ ਵਿੱਚ ਇੱਕ ਸੱਭਿਆਚਾਰਕ ਜਾਇਦਾਦ ਸਮਝੌਤੇ 'ਤੇ ਹਸਤਾਖਰ ਕੀਤੇ ਸਨ।

---------------------------------------------------------

ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਪਟਿਆਲਾ ਜ਼ਿਲ੍ਹਾ ਪ੍ਰਸ਼ਾਸਨ ਨਾਲ ਲਗਾਤਾਰ ਦੂਸਰੇ ਦਿਨ ਪਟਿਆਲਾ ਦਿਹਾਤੀ ਦੇ ਪਿੰਡਾਂ ਵਿੱਚ ਦੌਰਾ ਕੀਤਾ । ਉਨ੍ਹਾਂ ਲੋਕਾਂ ਦੀਆਂ ਮੁਸ਼ਕਲਾਂ ਨੂੰ ਸੁਣਕੇ ਮੌਕੇ 'ਤੇ ਹੀ ਮੁਸ਼ਕਲਾਂ ਦਾ ਨਿਪਟਾਰਾ ਕਰਨ ਲਈ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਅਤੇ ਸਾਰੇ ਕੰਮਾਂ ਨੂੰ ਪੂਰਾ ਕਰਨ ਲਈ ਹਰੇਕ ਕੰਮ ਦੀ ਸਮਾਂ ਹੱਦ ਨਿਰਧਾਰਤ ਕੀਤੀ। ਡਾ. ਬਲਬੀਰ ਸਿੰਘ ਨੇ ਪਟਿਆਲਾ ਦਿਹਾਤੀ ਦੇ ਪਿੰਡਾਂ ਨੂੰ ਆਪਣੀ ਪੰਚਾਇਤ ਸਰਬਸੰਮਤੀ ਨਾਲ ਚੁਣਨ ਦਾ ਸੱਦਾ ਦਿੰਦਿਆਂ ਕਿਹਾ ਕਿ ਇਸ ਨਾਲ ਜਿਥੇ ਪਿੰਡਾਂ ਵਿੱਚ ਭਾਈਚਾਰਕ ਸਾਂਝ ਵਧੇਗੀ, ਉਥੇ ਹੀ ਧੜੇਬੰਦੀ ਖਤਮ ਹੋਵੇਗੀ ਤੇ ਪਿੰਡ ਤੇਜ਼ੀ ਨਾਲ ਵਿਕਾਸ ਕਰਨਗੇ। ਉਨ੍ਹਾਂ ਕਿਹਾ ਕਿ ਜਿਹੜਾ ਪਿੰਡ ਸਰਬਸੰਮਤੀ ਨਾਲ ਪੰਚਾਇਤ ਦੀ ਚੋਣ ਕਰੇਗਾ, ਉਸ ਪਿੰਡ ਨੂੰ ਪੰਜਾਬ ਸਰਕਾਰ ਵੱਲੋਂ 5 ਲੱਖ

ਰੁਪਏ ਦੀ ਗਰਾਂਟ ਤੋਂ ਇਲਾਵਾ ਸਟੇਡੀਅਮ ਜਾਂ ਸਕੂਲ ਜਾਂ ਹਸਪਤਾਲ ਦਿੱਤਾ ਜਾਵੇਗਾ । ਇਸ ਤੋਂ ਇਲਾਵਾ ਪਟਿਆਲਾ ਦਿਹਾਤੀ ਹਲਕੇ ਦੇ ਜਿਹੜੇ ਪਿੰਡ ਸਰਬਸੰਮਤੀ ਨਾਲ ਪੰਚਾਇਤ ਬਣਾਉਣਗੇ ਉਨ੍ਹਾਂ ਨੂੰ ਉਹ ਆਪਣੇ ਅਖਤਿਆਰੀ ਫੰਡ ਵਿੱਚੋਂ 5 ਲੱਖ ਰੁਪਏ ਹੋਰ ਦੇਣਗੇ, ਇਹ 10 ਲੱਖ ਰੁਪਏ ਪਿੰਡਾਂ ਦੇ ਵਿਕਾਸ 'ਤੇ ਲੱਗ ਸਕਣਗੇ।

---

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ, ਪ੍ਰੋਫੈਸਰ ਕਿਰਪਾਲ ਸਿੰਘ ਬਡੂੰਗਰ ਨੇ, ਸਿੱਖ ਕੌਮ ਦੀ ਸਿਰਮੌਰ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਚੋਣਾਂ ਲਈ, ਬਣ ਰਹੀਆਂ ਵੋਟਾਂ ਦੀ ਦਰ ਫ਼ੀਸਦ  ਘੱਟ ਹੋਣ ਤੇ ਚਿੰਤਾ ਪ੍ਰਗਟ ਕਰਦਿਆਂ ਕਿਹਾ ਕਿ ਹਰੇਕ ਸਿੱਖ ਨੂੰ ਆਪਣਾ ਮੌਲਿਕ ਅਧਿਕਾਰ ਸਮਝਦਿਆਂ ਹੋਇਆਂ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਵੋਟਾਂ ਬਣਵਾਉਣ ਵਿੱਚ ਮੋਹਰੀ ਭੂਮਿਕਾ  ਅਦਾ ਕਰਨੀ ਚਾਹੀਦੀ ਏ । ਉਹਨਾਂ ਕਿਹਾ ਕਿ ਸਰਕਾਰ ਵੱਲੋਂ ਵਾਰ-ਵਾਰ ਵੋਟਾਂ ਬਣਾਉਣ ਦੀਆਂ ਤਰੀਕਾਂ  ਵਿੱਚ ਵਾਧਾ ਕਰਨ ਦੇ ਬਾਵਜੂਦ ਵੀ ਵੋਟਾਂ ਬਣਾਉਣ ਵਿੱਚ ਸੰਗਤ ਦਾ ਉਤਸ਼ਾਹ ਕਾਫੀ ਘੱਟ

ਦੇਖਣ ਨੂੰ ਮਿਲ ਰਿਹਾ ਏ। ਪ੍ਰੋਫੈਸਰ ਬਡੂੰਗਰ ਨੇ ਸੰਗਤ ਨੂੰ ਅਪੀਲ ਕਰਦਿਆਂ ਕਿਹਾ ਕਿ ਹਰੇਕ ਸਿੱਖ ਨੂੰ ਆਪਣੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਵੋਟ ਜਰੂਰ ਬਣਾਉਣੀ ਚਾਹੀਦੀ ਏ ।

-----------------------------------------------------------

ਹੁਸ਼ਿਆਰਪੁਰ ਜ਼ਿਲ੍ਹਾ ਲੇਖਕ ਮੰਚ ਵੱਲੋਂ ਅੱਜ 12ਵਾਂ ਸਰਵ ਭਾਰਤੀ ਮੁਸ਼ਾਇਰਾ ਕਰਵਾਇਆ ਗਿਆ । ਇਸ ਦੌਰਾਨ ਮੰਚ ਵੱਲੋਂ ਹਰ ਸਾਲ ਦਿੱਤਾ ਜਾਣ ਵਾਲਾ ਪ੍ਰੋਫੈਸਰ ਮੋਹਨ ਸਿੰਘ ਔਜਲਾ ਯਾਦਗਾਰੀ ਪੁਰਸਕਾਰ ਇਸ ਵਾਰ ਦਿੱਲੀ ਦੇ ਕਲਾਕਾਰ ਲਲਿਤ ਚੌਬੇ ਨੂੰ ਪ੍ਰਦਾਨ ਕੀਤਾ ਗਿਆ। ਇਸ ਦੌਰਾਨ ਭਾਰਤ ਦੇ ਵੱਖ ਵੱਖ ਸੂਬਿਆਂ ਤੋਂ ਆਏ ਸ਼ਾਇਰਾਂ ਨੇ ਹਿੰਦੀ ਪੰਜਾਬੀ ਅਤੇ ਉਰਦੂ ਵਿੱਚ ਆਪਣੀਆਂ ਕਵਿਤਾਵਾਂ, ਗਜਲਾਂ ਅਤੇ ਗੀਤ ਪੇਸ਼ ਕੀਤੇ। ਪੰਜਾਬ ਦੇ ਵੱਖੋ ਵੱਖ ਜ਼ਿਲ੍ਹਿਆਂ ਤੋਂ ਅਲਾਵਾ ਜੰਮੂ ਕਸ਼ਮੀਰ, ਰਾਜਸਥਾਨ, ਉੱਤਰ ਪ੍ਰਦੇਸ਼, ਹਿਮਾਚਲ ਪ੍ਰਦੇਸ਼, ਹਰਿਆਣਾ, ਚੰਡੀਗੜ੍ਹ ਤੋਂ ਸ਼ਾਇਰਾਂ ਸ਼ਾਮਿਲ ਸਨ । ਮੁਸ਼ਾਇਰੇ ਦੀ ਸ਼ੁਰੂਆਤ ਪ੍ਰੋਫੈਸਰ ਅਜੀਤ ਲੰਗੇਰੀ ਵੱਲੋਂ ਪ੍ਰੋਫੈਸਰ ਮੋਹਨ ਸਿੰਘ ਔਜਲਾ ਬਾਰੇ ਆਪਣੇ ਕੁਝ ਯਾਦਗਾਰੀ ਪਲ ਸਾਂਝਾ ਕਰਨ ਨਾਲ ਹੋਈ।

---------------------------------------------------------------

ਫਰੀਦਕੋਟ ਵਿਖੇ ਬਾਬਾ ਫਰੀਦ ਆਗਮਨ ਪੁਰਬ ਮੌਕੇ, ਵੱਖ-ਵੱਖ ਕਲੱਬਾਂ ਤੇ ਸੰਸਥਾਵਾਂ ਵੱਲੋਂ, ਖੇਡਾਂ ਦੇ ਟੂਰਨਾਮੈਂਟ ਦਾ ਆਯੋਜਨ ਕੀਤਾ ਜਾ ਰਿਹਾ ਏ। ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ, ਅੱਜ ਖੇਡਾਂ ਦੇ ਟੂਰਨਾਮੈਂਟ ਵਿੱਚ ਵਿਸ਼ੇਸ਼ ਤੌਰ ਤੇ ਸ਼ਿਰਕਤ ਕੀਤੀ। ਉਨ੍ਹਾਂ ਹਾਕੀ ਐਸਟਰੋਟਰਫ ਸਟੇਡੀਅਮ, ਸਰਕਾਰੀ ਬ੍ਰਿਜਿੰਦਰਾ ਕਾਲਜ ਫਰੀਦਕੋਟ ਬੈਡਮਿੰਟਨ ਕੋਰਟ ਅਤੇ ਫੁੱਟਬਾਲ ਦੇ ਖੇਡ ਗਰਾਉਂਡਾਂ ਵਿੱਚ ਪਹੁੰਚ ਕੇ ਖਿਡਾਰੀਆਂ ਨੂੰ ਪ੍ਰੇਰਿਤ ਦਿੱਤਾ। ਉਨ੍ਹਾਂ ਕਿਹਾ ਕਿ ਖੇਡਾਂ ਪੰਜਾਬ ਦੀ ਪਛਾਣ ਨੇ। ਉਨ੍ਹਾਂ ਬਾਬਾ ਫ਼ਰੀਦ ਬੈਡਮਿੰਟਨ ਕਲੱਬ ਨੂੰ 5 ਲੱਖ ਰੁਪਏ ਦੇਣ ਦਾ ਐਲਾਨ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਨੌਜਵਾਨਾਂ ਨੂੰ ਖੇਡਾਂ ਪ੍ਰਤੀ ਉਤਸ਼ਾਹਿਤ ਕਰਨ ਲਈ ਫੰਡਾਂ ਦੀ ਘਾਟ ਕਾਰਨ ਕਿਸੇ ਕਿਸਮ ਦੀ ਔਕੜ ਨਹੀਂ ਆਉਣ ਦਿੱਤੀ ਜਾ ਰਹੀ। ਇਸ ਕਾਰਨ ਨੌਜਵਾਨਾਂ ਨੂੰ ਵੀ ਚਾਹੀਦਾ ਏ ਕਿ ਉਹ ਵੀ ਵੱਧ ਚੜ੍ਹ ਕੇ ਖੇਡਾਂ ਵਿੱਚ ਹਿੱਸਾ ਲੈਣ। ਸ੍ਰੀ ਸੰਧਵਾਂ ਨੇ ਆਲ ਇੰਡੀਆ ਸਿੱਖ ਸਟੂਡੈਂਟ ਫੈਡਰੇਸ਼ਨ ਫ਼ਰੀਦਕੋਟ ਵੱਲੋਂ ਕਰਵਾਏ ਗਏ ਦਸਤਾਰ ਮੁਕਾਬਲਿਆਂ ਵਿੱਚ

ਵੀ ਸ਼ਿਰਕਤ ਕੀਤੀ ਅਤੇ ਤਿੰਨਾਂ ਵਿੰਗਾਂ ਦੇ ਪਹਿਲੇ ਸਥਾਨ ਤੇ ਆਉਣ ਵਾਲੇ ਬੱਚਿਆਂ ਨੂੰ 11000 ਰੁਪਏ ਦੇਣ ਦਾ ਐਲਾਨ ਕੀਤਾ। ਉਨ੍ਹਾਂ ਕਿਹਾ ਕਿ ਇਸ ਸੰਸਥਾ ਦਾ ਇਹ ਉਪਰਾਲਾ ਬਹੁਤ ਹੀ ਸ਼ਲਾਘਾਯੋਗ ਏ ਜਿਸ ਤੋਂ ਪ੍ਰੇਰਨਾ ਲੈਣੀ ਚਾਹੀਦੀ ਏ।

----------------------------------------------------

ਬਾਬਾ ਸ਼ੇਖ ਫਰੀਦ ਜੀ ਦੇ ਆਗਮਨ ਪੂਰਬ ਮੌਕੇ, ਜ਼ਿਲ੍ਹਾ ਫਰੀਦਕੋਟ ਵਿੱਚ ਕੱਲ ਨੂੰ ਸਥਾਨਕ ਛੁੱਟੀ ਦਾ ਐਲਾਨ ਕੀਤਾ ਗਿਆ ਏ। ਡਿਪਟੀ ਕਮਿਸ਼ਨਰ ਵਿਨੀਤ ਕੁਮਾਰ ਨੇ ਕਿਹਾ ਕਿ ਬਾਬਾ ਸ਼ੇਖ ਫਰੀਦ ਜੀ ਦੇ ਆਗਮਨ ਪੁਰਬ ਮੌਕੇ ਕੱਲ ਜ਼ਿਲ੍ਹੇ ਅੰਦਰ ਪੈਂਦੇ ਸਾਰੇ ਸਰਕਾਰੀ ਦਫ਼ਤਰਾਂ ਅਤੇ ਵਿਦਿਅਕ ਅਦਾਰਿਆਂ ਵਿੱਚ ਛੁੱਟੀ ਰਹੇਗੀ।

----------------------------------------------------

ਫ਼ਰੀਦਕੋਟ ਜ਼ਿਲ੍ਹਾ ਗੱਤਕਾ ਐਸੋਸੀਏਸ਼ਨ ਵੱਲੋਂ ਸਰਕਾਰੀ ਬ੍ਰਿਜਿੰਦਰਾ ਕਾਲਜ ਵਿਖੇ, 10ਵੇਂ ਗੱਤਕਾ ਗੋਲਡ ਕੱਪ ਦਾ ਆਯੋਜਨ ਕੀਤਾ ਗਿਆ। ਪੰਜਾਬ ਵਿਧਾਨ ਸਭਾ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਅਤੇ ਸੁਸਾਇਟੀ ਦਾ ਅਹੁਦੇਦਾਰਾਂ ਵਲੋਂ

ਮਾਰਸ਼ਲ ਆਰਟ, ਗਤਕਾ ਤੇ ਹੋਰ ਕਲਾਵਾਂ ਨੂੰ ਪ੍ਰਫੁੱਲਿਤ ਕਰਨ ਲਈ ਕੀਤੇ ਜਾ ਰਹੇ ਉਪਰਾਲਿਆਂ ਦੀ ਪ੍ਰਸੰਸਾ ਕੀਤੀ । ਸਪੀਕਰ ਨੇ ਕਿਹਾ ਕਿ ਗਤਕਾ ਪੰਜਾਬ ਦਾ ਮਾਰਸ਼ਲ ਆਰਟ ਏ ਜੋ ਕਿ ਸਿੱਖ ਧਰਮ ਜੁੜਿਆ ਹੋਇਆ ਏ ਤੇ ਇਸ ਦਾ ਇਤਿਹਾਸ ਸਦੀਆ ਪੁਰਾਣਾ ਏ । ਉਨ੍ਹਾਂ ਕਿਹਾ ਕਿ ਗਤਕਾ ਜਿਥੇ ਸਰੀਰਕ ਤੰਦਰੁਸਤੀ ਤੇ ਚੁਸਤੀ ਦਾ ਪ੍ਰਤੀਕ ਏ ਉਥੇ ਹੀ ਇਹ ਸਾਡੀ ਸਵੈ ਰੱਖਿਆ ਵੀ ਕਰਦਾ ਏ । ਉਨ੍ਹਾਂ ਗਤਕਾ ਐਸੋਸੀਏਸ਼ਨ ਫ਼ਰੀਦਕੋਟ ਵਲੋਂ ਕਰਵਾਏ ਗਏ ਇਸ ਉਪਰਾਲੇ ਦੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਉਨ੍ਹਾਂ ਨੂੰ ਹਰ ਤਰ੍ਹਾਂ ਦਾ ਸਹਿਯੋਗ ਦਿੱਤਾ ਜਾਵੇਗਾ । ਉਨ੍ਹਾਂ ਗਤਕਾ ਐਸੋਸੀਏਸ਼ਨ ਫ਼ਰੀਦਕੋਟ ਨੂੰ ਸਵਾ ਲੱਖ ਰੁਪਏ ਦੇਣ ਦਾ ਐਲਾਨ ਕੀਤਾ ਅਤੇ ਕਿਹਾ ਕਿ ਪੰਜਾਬ ਸਰਕਾਰ ਖੇਡਾਂ ਨੂੰ ਹਰ ਤਰੀਕੇ ਨਾਲ ਪ੍ਰਫੁਲਿਤ ਕਰਨ ਲਈ ਕੋਈ ਕਸਰ ਨਹੀਂ ਛੱਡ ਰਹੀ ।

---------------------------------------------------

ਚੰਡੀਗੜ੍ਹ ਸਥਿਤ ਪੰਜਾਬ ਯੂਨੀਵਰਸਿਟੀ ਦੇ ਸੈਂਟਰ ਫਾਰ ਹਿਊਮਨ ਰਾਈਟਸ ਐਂਡ ਡਿਊਟੀਜ਼ ਵਿਭਾਗ , ਨੇ ਵੈਸਕੁ-ਲਾਈਟਿਸ ਸੁਸਾਇਟੀ

ਦੇ ਸਹਿਯੋਗ ਨਾਲ, ਵੈਸਕੁਲਾਈਟਿਸ ਮਰੀਜ਼ਾਂ ਦੀ ਸਹਾਇਤਾ ਕਰਨ ਵਾਲੀ ਇੱਕ ਸਮਰਪਿਤ ਗੈਰ-ਸਰਕਾਰੀ ਸੰਸਥਾ ਦੇ ਸਹਿਯੋਗ ਨਾਲ ਬੀਤੇ ਦਿਨੀ ਪੰਜਾਬ ਯੂਨੀਵਰਸਿਟੀ ਕੈਂਪਸ ਵਿੱਚ ਇੱਕ ਸਮਾਗਮ ਦੀ ਮੇਜ਼ਬਾਨੀ ਕੀਤੀ। ਸਮਾਗਮ ਦਾ ਉਦੇਸ਼ ਮਰੀਜ਼ਾਂ ਲਈ ਇੱਕ ਸਹਾਇਕ ਭਾਈਚਾਰਾ ਬਣਾਉਣਾ, ਵੈਸਕੁ-ਲਾਈਟਿਸ ਬਾਰੇ ਜਾਗਰੂਕਤਾ ਵਧਾਉਣਾ, ਅਤੇ ਕੀਮਤੀ ਸਰੋਤ ਪ੍ਰਦਾਨ ਕਰਨਾ ਰਿਹਾ । ਵੈਸਕੁ-ਲਾਈਟਿਸ ਸੋਸਾਇਟੀ ਦੇ ਫਾਊਂਡਰ ਪੂਜਾ ਗੋਇਲ, ਨੇ ਕਿਹਾ ਕਿ ਇਹ ਪਹਿਲਕਦਮੀਆਂ ਇਹ ਯਕੀਨੀ ਬਣਾਉਣ ਲਈ ਮਹੱਤਵਪੂਰਨ ਨੇ ਕਿ ਮਰੀਜ਼ਾਂ ਨੂੰ ਉਨ੍ਹਾਂ ਦੀ ਸਥਿਤੀ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਪ੍ਰਬੰਧਨ ਕਰਨ ਲਈ ਲੋੜੀਂਦਾ ਸਮਰਥਨ ਅਤੇ ਸਰੋਤ ਮਿਲੇ। ਵਿਭਾਗ ਦੇ ਚੇਅਰਪਰਸਨ, ਪ੍ਰੋ: ਨਮਿਤਾ ਗੁਪਤਾ ਨੇ ਦੇ ਕੇ ਕਿਹਾ ਕਿ ਅਜਿਹੇ ਸਮਾਗਮ ਨਾ ਸਿਰਫ਼ ਮਰੀਜ਼ਾਂ ਦੇ ਭਾਈਚਾਰੇ ਦਾ ਸਮਰਥਨ ਕਰਦੇ ਨੇ , ਸਗੋਂ ਆਮ ਲੋਕਾਂ ਵਿੱਚ ਏਸ ਬਾਰੇ ਬਾਰੇ ਜਾਗਰੂਕਤਾ ਵੀ ਪੈਦਾ ਕਰਦੇ ਨੇ ।

---------------------------------------------------

ਬਲੱਡ ਡੋਨਰਜ ਵੈਲਫੇਅਰ ਸੁਸਾਇਟੀ ਵੱਲੋ ਮਹਿਕ ਭਵਨ ਦੇ ਸਹਿਯੋਗ ਨਾਲ ਸੰਗਰੂਰ ਦੇ ਪਿੰਡ ਲੱਡਾ ਵਿਖੇ ਨੋਜੁਆਨਾਂ ਨੂੰ ਨਸ਼ਿਆਂ ਤੇ ਖ਼ੂਨਦਾਨ ਬਾਰੇ ਜਾਗਰੂਕਤਾ ਕੈਪ ਲਗਾਇਆ ਗਿਆ। ਕੈਪ ਦੋਰਾਨ ਸੁਸਾਇਟੀ ਦੇ ਮੁੱਖ ਬੁਲਾਰੇ ਸਮਾਜਿਕ ਕਾਰਜਕਰਤਾ ਡਾ.ਜਗਦੀਸ਼ ਗਰਗ ਨੇ ਕਿਹਾ, ਕਿ ਨਸ਼ਿਆਂ ਤੇ ਖ਼ੂਨਦਾਨ ਬਾਰੇ ਲੋਕਾਂ ਨੂੰ ਜਾਗਰੂਕ ਕਰਨਾ, ਅੱਜ ਸਮੇ ਦੀ ਲੋੜ ਏ । ਇਸ ਮੌਕੇ ਵਿ਼ਿਦਆਰਥੀਆਂ ਨੂੰ ਜਾਗਰੂਕ ਕਰਦੇ ਹੋਏ ਲਲਿਤਾ ਸ਼ਰਮਾ ਨੇ ਕਿਹਾ,ਕਿ ਦੁਨੀਆ ਦਾ ਸਭ ਤੋ ਉੱਤਮਦਾਨ ਖ਼ੂਨਦਾਨ ਏ ਖ਼ੂਨਦਾਨ ਕਰਕੇ ਕਿਸੇ ਦੀ ਜਿੰਦਗੀ ਨੂੰ ਬਚਾਇਆ ਜਾ ਸਕਦਾ ਏ । ਉਨ੍ਹਾਂ ਦਸਿਆ ਕਿ ਸੰਸਥਾ ਮੈਬਰ ਲੋੜਵੰਦ ਵਿਅਕਤੀਆ ਦੀ ਮਦਦ ਕਰਨ ਲਈ ਹਮੇਸਾਂ ਤਿਆਰ ਰਹਿੰਦੇ ਨੇ ।

---------------------------------------------------

ਸੀਮਾ ਸੁਰੱਖਿਆ ਬਲ ਦੀ 27 ਬਟਾਲੀਅਨ ਨੇ ਗੁਰਦਾਸਪੁਰ ਦੇ ਪਿੰਡ ਹਰੂਵਾਲ ਤੋਂ ਹੈਰੋਇਨ ਸਮੇਤ ਇਕ ਡਰੋਨ ਬਰਾਮਦ ਕੀਤਾ ਏ।ਸਾਡੇ

ਪਤਰਕਾਰ ਤੋਂ ਮਿਲੀ ਜਾਣਕਾਰੀ ਮੁਤਾਬਿਕ ਪਿੰਡ ਹਰੂਵਾਲ ਦੇ ਕਿਸਾਨ ਮਹਿੰਦਰ ਸਿੰਘ ਦੇ ਖੇਤਾਂ ਵਿੱਚੋਂ ਪਾਕਿਸਤਾਨੀ ਤਸਕਰਾਂ ਵੱਲੋਂ ਭੇਜਿਆ ਇੱਕ ਡਰੋਨ ਬਰਾਮਦ ਹੋਇਆ ਇਸਦੇ ਨਾਲ ਇਕ ਪੀਲੇ ਰੰਗ ਦਾ ਪੈਕਟ ਵੀ ਮਿਲਿਆ। ਜਦੋਂ ਖੇਤ ਮਾਲਕ ਕਿਸਾਨ ਨੇ ਡਰੋਨ ਨੂੰ ਆਪਣੇ ਖੇਤਾਂ 'ਚ ਡਿੱਗਦਾ ਦੇਖਿਆ ਤਾਂ ਉਸ ਨੇ ਤੁਰੰਤ ਪੁਲਿਸ ਨੂੰ ਸੂਚਿਤ ਕੀਤਾ, ਜਿੱਥੇ ਬੀ.ਐੱਸ.ਐੱਫ ਅਤੇ ਪੁਲਿਸ ਨੇ ਡਰੋਨ ਅਤੇ ਉਸ ਨਾਲ ਭੇਜੇ ਪੈਕਟ ਨੂੰ ਕਬਜ਼ੇ 'ਚ ਲੈ ਕੇ ਤਲਾਸ਼ੀ ਮੁਹਿੰਮ ਸ਼ੁਰੂ ਕਰ ਦਿੱਤੀ।

-----------------------------------------------------------

ਜ਼ਿਲਾ ਐਸ.ਏ.ਐਸ. ਨਗਰ ਸਥਿਤ ਮਹਾਰਾਜਾ ਰਣਜੀਤ ਸਿੰਘ ਆਰਮਡ ਫੋਰਸਿਜ਼ ਪ੍ਰੈਪਰੇਟਰੀ ਇੰਸਟੀਚਿਊਟ ਦੇ 47 ਕੈਡੇਟਾਂ ਨੇ ਕੇਂਦਰੀ ਲੋਕ ਸੇਵਾ ਕਮਿਸ਼ਨ ਵੱਲੋਂ ਲਈ ਗਈ , ਕੌਮੀ ਰਖਿਆ ਅਕਾਦਮੀ ਦੀ ਲਿਖਤੀ ਪ੍ਰੀਖਿਆ ਨੂੰ ਸਫਲਤਾਪੂਰਵਕ ਪਾਸ ਕੀਤਾ ਏ। ਇਹ ਨਤੀਜੇ ਬੀਤੇ ਦਿਨ ਐਲਾਨੇ ਗਏ ਜਿਸ ਵਿੱਚ 74.6 ਫ਼ੀਸਦ ਦੀ ਸਫ਼ਲਤਾ ਦਰ ਨਾਲ, ਇੰਸਟੀਚਿਊਟ ਦੇਸ਼ ਵਿੱਚੋਂ ਸਭ ਤੋਂ ਮੋਹਰੀ ਰਿਹਾ ਏ। ਪੰਜਾਬ ਦੇ ਹੁਨਰ ਵਿਕਾਸ ਅਤੇ ਸਿਖਲਾਈ ਮੰਤਰੀ ਅਮਨ ਅਰੋੜਾ ਨੇ ਪ੍ਰੀਖਿਆ ਪਾਸ

ਕਰਨ ਵਾਲੇ ਕੈਡੇਟਾਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਵਿਸ਼ਵ ਭਰ ਵਿੱਚ ਸੂਬੇ ਅਤੇ ਦੇਸ਼ ਲਈ ਵੱਧ ਤੋਂ ਵੱਧ ਨਾਮ ਕਮਾਉਣ ਲਈ ਪ੍ਰੇਰਿਤ ਕੀਤਾ। ਇੰਸਟੀਚਿਊਟ ਦੇ ਡਾਇਰੈਕਟਰ ਸੇਵਾਮੁਕਤ ਮੇਜਰ ਜਨਰਲ ਅਜੈ ਐਚ. ਚੌਹਾਨ ਨੇ ਕੈਡੇਟਾਂ ਨੂੰ ਵਧਾਈ ਦਿੰਦਿਆਂ ਅਗਲੀਆਂ ਚੁਣੌਤੀਆਂ ਵਾਸਤੇ ਤਿਆਰ ਰਹਿਣ ਲਈ, ਸਿਖਲਾਈ ਨੂੰ ਗੰਭੀਰਤਾ ਨਾਲ ਲੈਣ ਦੀ ਮਹੱਤਤਾ 'ਤੇ ਜ਼ੋਰ ਦਿੱਤਾ।

-----------------------------------------------------

ਸਵੱਛਤਾ ਹੀ ਸੇਵਾ ਮੁਹਿੰਮ ਅਧੀਨ ਚਲਾਈਆਂ ਜਾ ਰਹੀਆਂ ਗਤੀਵਿਧੀਆਂ ਦੀ ਲੜੀ ਤਹਿਤ ਕਾਰਜ ਸਾਧਕ ਅਫਸਰ ਜਗਸੀਰ ਸਿੰਘ ਦੇ ਦਿਸ਼ਾ-ਨਿਰਦੇਸ਼ਾਂ 'ਤੇ ਨਗਰ ਕੌਂਸਲ ਫਾਜ਼ਿਲਕਾ ਵੱਲੋਂ/ਪ੍ਰਤਾਪ ਬਾਗ ਅਤੇ ਘੰਟਾ ਘਰ ਵਿਖੇ ਸਟਾਲ ਲਗਾ ਕੇ ਖਾਦ ਦੀ ਵੰਡ ਕੀਤੀ ਗਈ। ਸੁਪਰਡੈਂਟ ਨਰੇਸ਼ ਖੇੜਾ ਨੇ ਦਸਿਆ ਕਿ ਨਗਰ ਕੌਂਸਲ ਵੱਲੋਂ ਸਬਜੀਆਂ ਤੇ ਫਲਾਂ ਦੇ ਛਿਲਕਿਆਂ ਤੋਂ ਜੈਵਿਕ ਖਾਦ ਤਿਆਰ ਕੀਤੀ ਜਾ ਰਹੀ ਏ ਤੇ ਇਸ ਜੈਵਿਕ ਖਾਦ ਨੂੰ ਕਿਸਾਨ ਵੀਰ, ਨਰਸਰੀਆਂ ਵਾਲੇ ਵਰਤੋਂ ਵਿਚ

ਲਿਆ ਸਕਦੇ ਨੇ। ਉਨ੍ਹਾਂ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਲੋਕ ਘਰਾਂ ਵਿਚ ਗਿਲਾ ਤੇ ਸੁੱਕਾ ਕੂੜਾ ਵੱਖਰਾ ਵੱਖਰਾ ਰੱਖਣ।

-----------------------------------------------------------------------

ਪਟਿਆਲਾ ਵਿਖੇ ਜ਼ਿਲ੍ਹਾ ਪੱਧਰੀ ਸਵੱਛ ਭਾਰਤ ਦਿਵਸ ਮਨਾਉਣ ਲਈ ਵਧੀਕ ਡਿਪਟੀ ਕਮਿਸ਼ਨਰ (ਸ਼ਹਿਰੀ ਵਿਕਾਸ) ਨਵਰੀਤ ਕੌਰ ਸੇਖੋਂ ਦੀ ਪ੍ਰਧਾਨਗੀ ਹੇਠ ਅੱਜ ਇਕ ਮੀਟਿੰਗ ਕੀਤੀ ਗਈ। ਸਵੱਛਤਾ ਹੀ ਸੇਵਾ ਦੇ ਚੱਲ ਰਹੇ ਪੰਦਰਵਾੜੇ ਦੀ ਸਮੀਖਿਆ ਵੀ ਕੀਤੀ ਗਈ। ਉਨ੍ਹਾਂ ਨੇ ਦੱਸਿਆ ਕਿ 2 ਅਕਤੂਬਰ ਨੂੰ ਗਾਂਧੀ ਜੈਯੰਤੀ ਮੌਕੇ ਸਵੱਛ ਭਾਰਤ ਦਿਵਸ ਦਾ ਜ਼ਿਲ੍ਹਾ ਪੱਧਰੀ ਸਮਾਗਮ ਪਟਿਆਲਾ ਦੇ ਡਿਪਟੀ ਕਮਿਸ਼ਨਰ ਡਾ:ਪ੍ਰੀਤੀ ਯਾਦਵ ਦੀ ਅਗਵਾਈ ਹੇਠ ਥਾਪਰ ਯੂਨੀਵਰਸਿਟੀ ਦੇ ਆਡੀਟੋਰੀਅਮ ਵਿੱਚ ਨਗਰ ਨਿਗਮ ਨਾਲ ਮਿਲ ਕੇ ਮਨਾਇਆ ਜਾ ਰਿਹਾ ਏ। ਵਧੀਕ ਡਿਪਟੀ ਕਮਿਸ਼ਨਰ ਨਵਰੀਤ ਕੌਰ ਸੇਖੋਂ ਨੇ ਦੱਸਿਆ ਕਿ ਸਵੱਛ ਭਾਰਤ ਦਿਵਸ ਦੇ ਇਸ ਸਮਾਗਮ ਦੌਰਾਨ ਥਾਪਰ ਯੂਨੀਵਰਸਿਟੀ ਦੇ ਵਿਦਿਆਰਥੀਆਂ ਵੱਲੋਂ ਸਵੱਛ ਭਾਰਤ ਬਾਰੇ ਪੀ.ਪੀ.ਟੀ.,ਸਕੂਲੀ ਵਿਦਿਆਰਥੀਆਂ ਦੇ ਚਾਰਟ ਤੇ ਪੋਸਟਰ ਬਨਾਉਣ ਦੇ ਮੁਕਾਬਲਿਆਂ

ਸਮੇਤ ਸਵੱਛਤਾ ਸਬੰਧੀ ਮੋਡਲ, ਮਹਿੰਦੀ ਤੇ ਰੰਗੋਲੀ ਦੇ ਸਟਾਲਜ਼ ਲੱਗਣਗੇ । ਉਹਨਾਂ ਦੱਸਿਆ ਕਿ ਸਰਕਾਰੀ ਮਹਿੰਦਰਾ ਕਾਲਜ ਵੱਲੋਂ ਸਵੱਛਤਾ ਹੀ ਸੇਵਾ ਸਬੰਧੀ ਨੁੱਕੜ ਨਾਟਕ ਵੀ ਖੇਡਿਆ ਜਾਵੇਗਾ।

---------------------------------------------------------

ਭਾਰਤ ਨੇ ਚੇਨਈ ਵਿੱਚ ਬੰਗਲਾਦੇਸ਼ ਤੋਂ ਪਹਿਲਾ ਕ੍ਰਿਕਟ ਟੈਸਟ ਮੈਚ, 280 ਦੌੜਾਂ ਨਾਲ ਜਿੱਤ ਲਿਆ ਏ । ਚੌਥੇ ਦਿਨ ਦੀ ਖੇਡ ਖਤਮ ਹੋਣ ਤੱਕ, ਬੰਗਲਾਦੇਸ਼ ਨੂੰ ਮੈਚ ਜਿੱਤਣ ਲਈ 357 ਦੌੜਾਂ ਦੀ ਲੋੜ ਸੀ, ਪਰ ਪੂਰੀ ਟੀਮ ਸਿਰਫ 234 ਦੌੜਾਂ 'ਤੇ ਆਊਟ ਹੋ ਗਈ । ਭਾਰਤ ਨੂੰ ਮੈਚ ਜਿੱਤਣ ਲਈ ਅੱਜ ਸਿਰਫ਼ 6 ਵਿਕਟਾਂ ਦੀ ਲੋੜ ਸੀ । ਕੱਲ੍ਹ ਮੈਚ ਦੇ ਤੀਜੇ ਦਿਨ ਭਾਰਤ ਨੇ ਸ਼ੁਭਮਨ ਗਿੱਲ ਅਤੇ ਰਿਸ਼ਭ ਪੰਤ ਦੇ ਸੈਂਕੜੇ ਦੀ ਬਦੌਲਤ, ਬੰਗਲਾਦੇਸ਼ ਨੂੰ 515 ਦੌੜਾਂ ਦਾ ਟੀਚਾ ਦਿੱਤਾ ਸੀ। ਭਾਰਤ ਲਈ ਰਵੀ ਚੰਦਰਨ ਅਸ਼ਵਿਨ ਨੇ 6 ਵਿਕਟਾਂ, ਰਵਿੰਦਰ ਜਡੇਜਾ ਨੇ ਤਿੰਨ ਅਤੇ ਜਸਪ੍ਰੀਤ ਬੁਮਰਾਹ ਨੇ ਇਕ ਵਿਕਟ ਲਈ । ਅਸ਼ਵਿਨ ਨੂੰ ਮੈਚ ਦਾ ਸਰਵੋਤਮ ਖਿਡਾਰੀ ਚੁਣਿਆ ਗਿਆ । ਦੂਜਾ ਟੈਸਟ ਮੈਚ 27 ਸਤੰਬਰ ਤੋਂ ਕਾਨਪੁਰ ਦੇ ਗ੍ਰੀਨ ਪਾਰਕ  ਵਿੱਚ ਖੇਡਿਆ ਜਾਵੇਗਾ।